# Visit of the Prime Minister of the United Kingdom to India (April 21-22, 2022)

April 17, 2022

.......................................................................................................................

## ਬ੍ਰਿਟੇਨ ਦੇ ਪ੍ਰਧਾਨ ਮੰਤਰੀ ਦੀ ਭਾਰਤ ਫੇਰੀ (21-22 ਅਪ੍ਰੈਲ, 2022)

**17 ਅਪ੍ਰੈਲ, 2022**

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਸੱਦੇ 'ਤੇ ਬ੍ਰਿਟੇਨ ਦੇ ਪ੍ਰਧਾਨ ਮੰਤਰੀ ਮਾਨਯੋਗ ਬੋਰਿਸ ਜੌਨਸਨ ਐਮਪੀ 21-22 ਅਪ੍ਰੈਲ 2022 ਤੱਕ ਭਾਰਤ ਦਾ ਅਧਿਕਾਰਤ ਦੌਰਾ ਕਰਨਗੇ। ਬ੍ਰਿਟੇਨ ਦੇ ਪ੍ਰਧਾਨ ਮੰਤਰੀ ਵਜੋਂ ਇਹ ਉਨ੍ਹਾਂ ਦੀ ਪਹਿਲੀ ਭਾਰਤ ਯਾਤਰਾ ਹੋਵੇਗੀ।

ਪ੍ਰਧਾਨ ਮੰਤਰੀ ਜੌਹਨਸਨ ਦਾ ਰਾਸ਼ਟਰਪਤੀ ਭਵਨ ਵਿਖੇ ਰਸਮੀ ਸੁਆਗਤ ਕੀਤਾ ਜਾਵੇਗਾ ਅਤੇ 22 ਅਪ੍ਰੈਲ ਨੂੰ ਉਹ ਪ੍ਰਧਾਨ ਮੰਤਰੀ ਨਾਲ ਦੁਵੱਲਾ ਵਿਚਾਰ-ਵਟਾਂਦਰਾ ਕਰਨਗੇ। ਨਵੀਂ ਦਿੱਲੀ ਵਿੱਚ ਸਰਕਾਰੀ ਰੁਝੇਵਿਆਂ ਤੋਂ ਛੁੱਟ ਬ੍ਰਿਟਿਸ਼ ਪ੍ਰਧਾਨ ਮੰਤਰੀ 21 ਅਪ੍ਰੈਲ ਨੂੰ ਗੁਜਰਾਤ ਦਾ ਦੌਰਾ ਵੀ ਕਰਨਗੇ।

ਭਾਰਤ ਅਤੇ ਬ੍ਰਿਟੇਨ ਦੇ ਪੁਰਾਣੇ ਅਤੇ ਇਤਿਹਾਸਕ ਸਬੰਧ ਹਨ, ਜਿੰਨਾਂ ਦਾ ਪੱਧਰ 2021 ਵਿੱਚ ਹੋਏ ਭਾਰਤ-ਬ੍ਰਿਟੇਨ ਵਰਚੁਅਲ ਸਿਖਰ ਸੰਮੇਲਨ ਦੌਰਾਨ ਵਧਾਕੇ ਵਿਆਪਕ ਰਣਨੀਤਕ ਭਾਈਵਾਲੀ ਕੀਤਾ ਗਿਆ ਸੀ। ਪ੍ਰਧਾਨ ਮੰਤਰੀ ਰੋਡਮੈਪ 2030 ਨੂੰ ਲਾਗੂ ਕਰਨ ਦੀ ਸਮੀਖਿਆ ਕਰਨਗੇ ਅਤੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਲਈ ਸਮੁੱਚੇ ਦੁਵੱਲੇ ਸਬੰਧ ਦਾ ਜਾਇਜ਼ਾ ਲੈਣਗੇ ਅਤੇ ਆਪਣਾ ਦ੍ਰਿਸ਼ਟੀਕੋਣ ਤੈਅ ਕਰਨਗੇ। ਉਹ ਆਪਸੀ ਹਿੱਤਾਂ ਦੇ ਖੇਤਰੀ ਅਤੇ ਆਲਮੀ ਮੁੱਦਿਆਂ ਬਾਰੇ ਵੀ ਵਿਚਾਰ ਵਟਾਂਦਰਾ ਕਰਨਗੇ।

ਨਵੀਂ ਦਿੱਲੀ
17 ਅਪ੍ਰੈਲ, 2022

DISCLAIMER: This is an approximate translation. The original is available in English on MEA's website and may be referred to as the official press release.